**File No.DIPR-PRSS0PRS1(356)/992/2020-DPRO Amritsar**

**I/23273/2020**

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕੋਵਿਡ-19 ਦੇ ਯੋਧਿਆਂ ਦੀ ਕੀਤੀ ਹੌਸਲਾ ਅਫਜਾਈ

ਰੈਡ ਕਰਾਸ ਦੀ ਸਥਾਪਨਾ ਦਿਵਸ ਮੌਕੇ ਕੀਤਾ ਗਿਆ ਯਾਦ

ਅੰਮ੍ਰਿਤਸਰ, 8 ਮਈ:

ਅੱਜ ਵਿਸ਼ਵ ਰੈਡ ਕਰਾਸ ਦੀ ਸਥਾਪਨਾ ਦਿਵਸ ਮੌਕੇ ਰੈਡ ਕਰਾਸ ਭਵਨ ਵਿਖੇ ਰੈਡ ਕਰਾਸ ਦੇ ਸੰਸਥਾਪਕ ਸਰ ਜੀਨ ਹੈਨਰੀ ਦੁਨੰਤ ਅਤੇ ਭਾਈ ਘਨਈਆ ਜੀ ਦੇ ਚਿਤਰਾਂ ਤੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹੋਏ ਸ੍ਰ ਸ਼ਿਵਦੁਲਾਰ ਸਿੰਘ ਢਿਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਕਿਹਾ ਕਿ ਕੋਵਿਡ 19 ਨੂੰ ਰੋਕਣ ਅਤੇ ਫਰੰਟ ਲਾਈਨ ਤੇ ਕੰਮ ਕਰ ਰਹੇ ਵਲੰਟੀਅਰ ਕਰੋਨਾ ਦੇ ਯੋਧੇ ਹਨ।

ਸ੍ਰ ਢਿਲੋਂ ਨੇ ਕਿਹਾ ਕਿ ਇਨਾਂ ਯੋਧਿਆਂ ਦੀ ਬਦੌਲਤ ਮਾਨਵਤਾ ਦੀ ਰੱਖਿਆ ਕੀਤੀ ਜਾ ਰਹੀ ਹੈ ਅਤੇ ਸਾਡਾ ਸਭ ਦਾ ਫ਼ਰਜ ਬਣਦਾ ਹੈ ਕਿ ਇਨਾਂ ਯੋਧਿਆਂ ਦਾ ਸਨਮਾਨ ਕਰੀਏ। ਉਨਾਂ ਦੱਸਿਆ ਕਿ 8 ਮਈ 1828 ਨੂੰ ਸਵਿਟਜਰਲੈਂਡ ਵਿਖੇ ਰੈਡ ਕਰਾਸ ਦੇ ਸੰਸਥਾਪਕ ਸਰ ਜੀਨ ਹੈਨਰੀ ਦੁਨੰਤ ਦਾ ਜਨਮ ਹੋਇਆ ਸੀ ਅਤੇ ਹਰ ਸਾਲ ਪੂਰੇ ਵਿਸ਼ਵ ਵਿੱਚ 8 ਮਈ ਨੂੰ ਰੈਡ ਕਰਾਸ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਮੌਕੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਤਾੜੀਆਂ ਮਰ ਕੇ ਕਰੋਨਾ ਦੇ ਯੋਧਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸ੍ਰੀ ਹਿਮਾਂਸ਼ੂ ਅਗਰਵਾਲ ਵਧੀਕ ਡਿਪਟੀ ਕਮਿਸ਼ਨਰ ਜਨਰਲ, ਮੈਡਮ ਪਲਵੀ ਚੌਧਰੀ, ਵਧੀਕ ਡਿਪਟੀ ਕਮਿਸ਼ਨਰ ਵਿਕਾਸ, ਮੈਡਮ ਅਲਕਾ ਕਾਲੀਆ ਸਹਾਇਕ ਕਮਿਸ਼ਨਰ, ਮੈਡਮ ਅਨਮਜੋਤ ਕੌਰ ਸਹਾਇਕ ਕਮਿਸ਼ਨਰ, ਸ੍ਰੀ ਰਣਧੀਰ ਠਾਕਰ ਸਕੱਤਰ ਰੈਡ ਕਰਾਸ ਹਾਜ਼ਰ ਸਨ।

- - - - -

ਕੈਪਸ਼ਨ

ਸ੍ਰ ਸ਼ਿਵਦੁਲਾਰ ਸਿੰਘ ਢਿਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਰੈਡ ਕਰਾਸ ਦੇ ਸੰਸਥਾਪਕ ਸਰ ਜੀਨ ਹੈਨਰੀ ਦੁਨਤ ਅਤੇ ਭਾਈ ਘਨਈਆ ਜੀ ਦੇ ਚਿੱਤਰਾਂ ਤੇ ਫੁੱਲ ਭੇਂਟ ਕਰਦੇ ਹੋਏ।

ਵੱਖ ਵੱਖ ਅਧਿਕਾਰੀ ਤਾੜੀਆਂ ਮਾਰ ਕੇ ਕਰੋਨਾ ਦੇ ਯੋਧਿਆਂ ਦਾ ਸਨਮਾਨ ਕਰਦੇ ਹੋਏ।

**File No.DIPR-PRSS0PRS1(356)/992/2020-DPRO Amritsar**

**I/23273/2020**

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਪੋਰਟਲ ਤੇ ਘਰ ਬੈਠੇ ਹੀ ਨੋਜਵਾਨ ਕਰ ਸਕਦੇ ਹਨ ਰਜਿਸਟਰੇਸ਼ਨ: ਵਧੀਕ ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 8 ਮਈ:

ਪੰਜਾਬ ਸਰਕਾਰ ਦੇ ਘਰ-ਘਰ ਰੋਜ਼ਗਾਰ ਮਿਸ਼ਨ ਅਧੀਨ ਸਥਾਪਿਤ ਕੀਤੇ ਗਏ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅਮ੍ਰਿੰਤਸਰ ਦੇ ਆਨਲਾਇਨ ਪੋਰਟਲ www.pgrkam.com ਉੱਤੇ ਜਾ ਕੇ ਨੌਜਵਾਨ ਘਰ ਬੈਠੇ ਹੀ ਆਪਣੀ ਰਜਿਸਟਰੇਸ਼ਨ ਕਰ ਸਕਦੇ ਹਨ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀਮਤੀ ਪਲੱਵੀ ਚੌਧਰੀ ਨੇ ਦੱਸਿਆ ਕਿ ਇਸ ਆਨਲਾਇਨ ਰਜਿਸਟਰੇਸ਼ਨ ਦੀ ਸਹੁਲਤ ਨਾਲ ਨੌਜਵਾਨ ਘਰ ਬੈਠੇ ਹੀ ਬਿਓਰੋ ਨਾਲ ਜੁੜ ਸਕਦੇ ਹਨ ਅਤੇ ਰੋਜ਼ਗਾਰ ਬਿਓਰੋ ਵਲੋਂ ਮਿਲਣ ਵਾਲੀਆਂ ਵੱਖ-ਵੱਖ ਸਹੂਲਤਾਂ ਦਾ ਪੂਰਾ ਲਾਭ ਉਠਾ ਸਕਦੇ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਡਿਪਟੀ ਡਾਇਰੈਕਟਰ ਸ਼੍ਰੀ ਜਸਵੰਤ ਰਾਏ ਨੇ ਅਮ੍ਰਿੰਤਸਰ ਜ਼ਿਲੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਬਿਓਰੋ ਦੇ ਪੋਰਟਲ ਤੇ ਆਪਣੀ ਰਜਿਸਟਰੇਸ਼ਨ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਬਿਓਰੋ ਦੇ ਅਧਿਕਾਰੀ ਉਨਾਂ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਦੇ ਮੌਕਿਆਂ , ਕੈਰੀਅਰ ਕਾਊਂਸਲਿੰਗ ਦੀ ਸੁਵਿਧਾ ਸਮੇਂ ਸਮੇਂ ਸਿਰ ਮੁਹੱਈਆ ਕਰਵਾ ਸਕਣ। ਇਸ ਤੋਂ ਇਲਾਵਾ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਡਿਪਟੀ ਸੀ.ਈ.ਓ. ਸ਼੍ਰੀ ਸਤਿੰਦਰ ਸਿੰਘ ਜੀ ਨੇ ਦੱਸਿਆ ਕਿ ਰੋਜ਼ਗਾਰ ਬਿਓਰੋ ਵਲੋਂ ਅਮ੍ਰਿੰਤਸਰ ਜ਼ਿਲੇ ਦੇ ਨੌਜਵਾਨਾਂ ਲਈ ਆਨਲਾਇਨ ਕੈਰੀਅਰ ਕਾਊਂਸਲਿੰਗ ਦੀ ਸੁਵਿਧਾ ਸ਼ੁਰੂ ਕੀਤੀ ਗਈ ਹੈ ਜਿਸ ਅਧੀਨ ਨੋਜਵਾਨ ਸੋਮਵਾਰ ਤੋਂ ਸ਼ਨਿਵਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਮੋਬਾਇਲ ਨੰਬਰ 9877567376 ਤੇ ਰੋਜ਼ਗਾਰ ਬਿਓਰੋ ਦੇ ਕੈਰੀਅਰ ਕਾਊਂਸਕਰ ਭਾਰਤੀ ਸ਼ਰਮਾ ਨਾਲ ਸੰਪਰਕ ਕਰ ਸਕਦੇ ਹਨ ਅਤੇ ਆਪਣੇ ਕੈਰੀਅਰ ਸਬੰਧੀ ਲੋੜੀਂਧੀ ਜਾਣਕਾਰੀ ਲੈ ਸਕਦੇ ਹਨ।ਇਸ ਸਕੀਮ ਅਧੀਨ ਵੱਧ ਤੋਂ ਵੱਧ ਨੋਜਵਾਨਾਂ ਨੂੰ ਬਿਓਰੋ ਨਾਲ ਜੋੜਨ ਦਾ ਟੀਚਾ ਮਿੱਥਿਆ ਗਿਆ ਹੈ ਤਾਂ ਜੋ ਕੋਵਿਡ 19 ਮਹਾਂਮਾਰੀ ਦੇ ਸਮੇਂ ਦੌਰਾਨ ਵੀ ਨੋਜਵਾਨ ਦਾ ਵਿਸ਼ਵਾਸ ਅਤੇ ਉਤਸ਼ਾਹ ਬਣਾਈ ਰੱਖਿਆ ਜਾ ਸਕੇ।

= === = =

**File No.DIPR-PRSS0PRS1(356)/992/2020-DPRO Amritsar**

**I/23276/2020**

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਮੁਲਾਜ਼ਮਾਂ ਦੀ ਸਿਹਤ ਨਿਗਰਾਨੀ ਲਈ ਹਰ ਦਫਤਰ ਨੋਡਲ ਅਧਿਕਾਰੀ ਲਗਾਵੇ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 8 ਮਈ ( )-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਕੋਵਿਡ - 19 ਮਹਾਂਮਾਰੀ ਦੌਰਾਨ ਸਰਕਾਰੀ ਦਫਤਰਾਂ ਦਾ ਕੰਮਕਾਜ ਸੁਰੱ ਿਖਿਅਤ ਢੰਗ ਨਾਲ ਚਲਾਉਣ ਸਬੰਧੀ ਜਾਰੀ ਦਿਸ਼ਾ ਨਿਰਦੇਸ਼ ਅਤੇ ਪ੍ਰੋਟੋਕੋਲ ਤਹਿਤ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਹਰੇਕ ਦਫਤਰ ਵਿਚ ਮੁਲਾਜ਼ਮਾਂ ਦੀ ਸਿਹਤ 'ਤੇ ਨਿਯਮਤ ਨਿਗਰਾਨੀ ਰੱਖਣ ਲਈ ਨੋਡਲ ਅਧਿਕਾਰੀ ਨਿਯੁਕਤ ਕਰਨ ਦੀ ਹਦਾਇਤ ਕੀਤੀ ਹੈ।

ਉਨਾਂ ਕਿਹਾ ਕਿ ਕਰਮਚਾਰੀਆਂ ਦਰਮਿਆਨ ਘੱਟੋ ਘੱਟ ਦੋ ਮੀਟਰ ਦੀ ਦੂਰੀ ਨੂੰ ਯਕੀਨੀ ਬਣਾਉਂਦੇ ਹੋਏ ਦਫਤਰਾਂ ਵਿਚ ਬੈਠਣ ਦੀ ਵਿਵਸਥਾ ਕੀਤੀ ਜਾਵੇ। ਇਸ ਤੋਂ ਇਲਾਵਾ ਦਫ਼ਤਰਾਂ ਵਿੱਚ ਭੀੜ ਨਾ ਹੋਵੇ ਅਤੇ ਇੱਕ ਦੂਜੇ ਤੋਂ ਸਮਾਜਿਕ ਦੂਰੀ ਬਣਾਏ ਰੱਖਣ ਸਬੰਧੀ ਨਿਯਮਾਂ ਨੂੰ ਹਰ ਹਾਲਤ ਲਾਗੂ ਕੀਤਾ ਜਾਵੇ।

ਉਨਾਂ ਕਿਹਾ ਕਿ ਜਿੱਥੋਂ ਤੱਕ ਹੋ ਸਕੇ ਸਾਰਾ ਦਫਤਰੀ ਕੰਮ ਈ-ਆਫ਼ਿਸ , ਸਰਕਾਰੀ ਈਮੇਲਾਂ, ਟੈਲੀਫੋਨ, ਐਸ.ਐਮ.ਐਸ, ਵਟਸਐਪ, ਪੀ.ਬੀ.ਜੀ.ਆਰ.ਏ.ਐਮ ਅਤੇ ਹੋਰ ਇਲੈਕਟ੍ਰਾਨਿਕ ਮਾਧਿਅਮ ਜ਼ਰੀਏ ਕੀਤਾ ਜਾਣਾ ਚਾਹੀਦਾ ਹੈ ਅਤੇ ਸਾਰੀਆਂ ਸਰਕਾਰੀ ਮੀਟਿੰਗਾਂ ਜਿੱਥੋਂ ਤੱਕ ਸੰਭਵ ਹੋਵੇ ਵੀਡੀਓ ਕਾਨਫਰੰਸ ਰਾਹੀਂ ਕੀਤੀਆਂ ਜਾਣ। ਉਨਾਂ ਸਪੱਸ਼ਟ ਕੀਤਾ ਕਿ ਬਾਇਓਮੈਟ੍ਰਿਕ ਅਟੈਂਡੈਂਸ ਸਿਸਟਮ (ਬੀ.ਏ.ਐੱਸ.) ਦੀ ਵਰਤੋਂ ਆਰਜ਼ੀ ਤੌਰ 'ਤੇ ਬੰਦ ਰਹੇਗੀ।

ਉਨਾਂ ਕਿਹਾ ਕਿ ਜੇਕਰ ਦਫਤਰ ਵਿੱਚ ਕਿਸੇ ਕਰਮਚਾਰੀ ਨੂੰ ਤੇਜ਼ ਬੁਖ਼ਾਰ ਹੈ ਜਾਂ ਕੋਵਿਡ- 19 ਦੇ ਲੱਛਣ ਪਾਏ ਜਾਂਦੇ ਹਨ ਤਾਂ ਉਕਤ ਕਰਮਚਾਰੀ ਨੂੰ ਅਸਥਾਈ ਤੌਰ 'ਤੇ ਅਲੱਗ ਕਰਕੇ ਤਰੁੰਤ ਸਿਹਤ ਵਿਭਾਗ ਦੇ ਨੋਟਿਸ ਵਿਚ ਲਿਆਂਦਾ ਜਾਵੇ।

ਦਫਤਰ ਅੰਦਰਲੀਆਂ ਥਾਵਾਂ ਖ਼ਾਸਕਰ ਪ੍ਰਵੇਸ਼ ਦੁਆਰ ਅਤੇ ਉੱਚ ਸੰਪਰਕ ਵਾਲੀਆਂ ਸਤਿਹਾਂ ਨੇੜੇ ਹੈਂਡ ਸੈਨੀਟਾਈਜਿੰਗ ਸਟੇਸ਼ਨ ਸਥਾਪਤ ਕੀਤੇ ਜਾਣੇ ਚਾਹੀਦੇ ਹਨ। ਸਟਾਫ਼ ਲਈ ਦਫ਼ਤਰ ਦੇ ਪ੍ਰਵੇਸ਼ ਦੁਆਰ 'ਤੇ ਅਲਕੋਹਲ-ਅਧਾਰਤ ਸੈਨੀਟਾਈਜ਼ਰ (ਘੱਟੋ ਘੱਟ 70% ਈਥਾਈਲ ਅਲਕੋਹਲ ) ਰੱਖਿਆ ਜਾਣਾ ਚਾਹੀਦਾ ਹੈ ਤਾਂ ਜੋ ਉਹ ਦਫ਼ਤਰ ਅੰਦਰ ਦਾਖ਼ਲ ਹੋਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਚੰਗੀ ਤਰਾਂ ਸਾਫ਼ ਕਰ ਲੈਣ।

ਏਅਰ ਕੰਡੀਸ਼ਨਿੰਗ ਦੀ ਵਰਤੋਂ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਜਰੂਰੀ ਹੋਵੇ ਤਾਂ ਨਾਲ ਐਗਜਾਸਟ ਫੈਨ ਤਾਜ਼ਾ ਹਵਾ ਦੇ ਪ੍ਰਵੇਸ਼ ਲਈ ਚਾਲੂ ਕਰਨਾ ਜਰੂਰੀ ਬਣਾਇਆ ਜਾਵੇ। ਢੁੱਕਵੀਂ ਸਾਫ਼-ਸਫਾਈ ਨੂੰ ਯਕੀਨੀ ਬਣਾਉਣ ਲਈ ,ਇਹ ਨਿਰਦੇਸ਼ ਦਿੱਤੇ ਗਏ ਹਨ ਕਿ ਦਫਤਰੀ ਸਥਾਨਾਂ ਅਤੇ ਕਾਨਫਰੰਸ ਰੂਮਾਂ ਸਮੇਤ ਅੰਦਰਲੇ ਖੇਤਰਾਂ ਨੂੰ ਹਰ ਸ਼ਾਮ ਦਫਤਰ ਦੇ ਘੰਟਿਆਂ ਤੋਂ ਬਾਅਦ ਜਾਂ ਸਵੇਰੇ ਸਟਾਫ਼ ਦੇ ਆਉਣ ਤੋਂ ਪਹਿਲਾਂ ਸਾਫ਼ ਕੀਤਾ ਜਾਣਾ ਚਾਹੀਦਾ ਹੈ।

ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਇੱਕ ਦੂਜੇ ਨੂੰ ਮਿਲਣ ਜਾਂ ਅਲਵਿਦਾ ਕਹਿਣ ਸਮੇਂ ਹੱਥ ਮਿਲਾਉਣ ਜਾਂ ਗਲੇ ਮਿਲਣ ਤੋਂ ਪਰਹੇਜ਼ ਕੀਤਾ ਜਾਵੇ। ਕਰਮਚਾਰੀਆਂ ਨੂੰ ਦਫਤਰ ਵਿੱਚ ਬੇਲੋੜਾ ਘੁੰਮਣਾ ਨਹੀਂ ਚਾਹੀਦਾ ਅਤੇ ਉਨਾਂ ਨੂੰ ਸਿਰਫ ਉਨਾਂ ਦੀ ਨਿਰਧਾਰਤ ਜਗਾ ਤੋਂ ਕੰਮ ਕਰਨਾ ਚਾਹੀਦਾ ਹੈ।

ਕਰਮਚਾਰੀਆਂ ਨੂੰ ਆਪਣੇ ਹੱਥਾਂ ਨਾਲ ਚਿਹਰੇ , ਮੂੰਹ, ਨੱਕ ਅਤੇ ਅੱਖਾਂ ਨੂੰ ਛੂਹਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਆਪਣੇ ਘਰਾਂ ਦੇ ਬਾਹਰ ਹਰ ਸਮੇਂ ਕੱਪੜੇ ਦੇ ਮਾਸਕ ਪਹਿਨ ਕੇ ਨਿੱਕਲਣਾ ਚਾਹੀਦਾ ਹੈ। ਮਾਸਕ ਨੂੰ ਇਸ ਤਰਾਂ ਪਹਿਨਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਵੀ ਢੱਕਿਆ ਹੋਵੇ। ਵਰਤੋਂ ਤੋਂ ਬਾਅਦ ਕੱਪੜੇ ਦੇ ਮਾਸਕ ਨੂੰ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ।

ਕਰਮਚਾਰੀਆਂ ਨੂੰ ਚਮੜੇ ਦੇ ਪਰਸ ਅਤੇ ਹੈਂਡਬੈਗ ਦੀ ਵਰਤੋਂ ਬੰਦ ਕਰਨ ਦੀ ਸਲਾਹ ਦਿੱਤੀ ਗਈ ਹੈ। ਜੇ ਜ਼ਿਆਦਾ ਹੀ ਜਰੂਰੀ ਹੋਵੇ ਤਾਂ ਉਹ ਕੋਈ ਛੋਟਾ ਬੈਗ ਲੈ ਸਕਦੇ ਹਨ ਅਤੇ ਆਪਣੇ ਘਰ ਵਾਪਸ ਆਉਣ ਤੇ ਇਸ ਬੈਗ ਨੂੰ ਕੀਟਾਣੂਨਾਸ਼ਕ ਕੀਤਾ ਜਾਵੇ।

ਜੇ ਕੋਈ ਕਰਮਚਾਰੀ ਬੁਖਾਰ ਜਾਂ ਕੋਵਿਡ - 19 ਦੇ ਹੋਰ ਲੱਛਣਾਂ ਜਿਵੇਂ (ਖਾਂਸੀ / ਛਿੱਕ / ਸਾਹ ਲੈਣ ਵਿੱਚ ਤਕਲੀਫ) ਨਾਲ ਪੀੜਤ ਹੈ ਤਾਂ ਕਰਮਚਾਰੀ ਨੂੰ ਸਵੈ -ਇੱਛਾ ਨਾਲ ਦਫਤਰ ਦੇ ਮੁਖੀ ਨੂੰ ਸੂਚਿਤ ਕਰਨਾ ਚਾਹੀਦਾ ਹੈ ਅਤੇ ਘਰ ਰਹਿਣਾ ਚਾਹੀਦਾ ਹੈ। ਕੋਵਿਡ - 19 ਦਾ ਸਮੇਂ ਸਿਰ ਪਤਾ ਲਗਾਉਣ ਅਤੇ ਇਲਾਜ ਲਈ ਡਾਕਟਰੀ ਸਲਾਹ ਵੀ ਲੈਣੀ ਚਾਹੀਦੀ ਹੈ।

ਜਿਨਾਂ ਕਰਮਚਾਰੀਆਂ ਦੀ ਰਿਹਾਇਸ਼ ਕੰਟੇਨਮੈਂਟ ਜਾਂ ਬਫਰ ਜ਼ੋਨ ਵਿਚ ਪੈਂਦੀ ਹੈ ਉਨਾਂ ਤੋਂ ਦਫ਼ਤਰ ਵਿਚ ਹਾਜ਼ਰ ਨਹੀਂ ਹੋ ਸਕਦੇ ਪਰ ਉਨਾਂ ਨੂੰ ਤੁਰੰਤ ਦਫ਼ਤਰ ਦੇ ਮੁਖੀ ਨੂੰ ਸੂਚਿਤ ਕਰਨਾ ਚਾਹੀਦਾ ਹੈ।

ਜੇਕਰ ਕੋਵਿਡ - 19 ਤੋਂ ਪੀੜਤ ਕੋਈ ਕਰਮਚਾਰੀ ਦਫਤਰ ਵਿਚ ਹਾਜ਼ਰ ਹੋਇਆ ਹੈ ਤਾਂ ਦਫਤਰ ਦਾ ਮੁਖੀ ਨੂੰ ਉਸ ਕਰਮਚਾਰੀ ਦੀ ਦਫ਼ਤਰ ਹਾਜ਼ਰੀ ਦੌਰਾਨ ਸੰਪਰਕ ਵਿਚ ਆਏ ਹੋਰਨਾਂ ਕਰਮਚਾਰੀਆਂ ਸਬੰਧੀ ਵੇਰਵਿਆਂ ਸਮੇਤ ਤੁਰੰਤ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 01722920074/08872090029 ਨੂੰ ਸੂਚਿਤ ਕਰਨਾ ਚਾਹੀਦਾ ਹੈ।

**File No.DIPR-PRSS0PRS1(356)/992/2020-DPRO Amritsar**

**I/23277/2020**

ਦਫਤਰ ਸੂਚਨਾ ਤੇ ਲੋਕ ਸੰਪਰਕ ਵਿਭਾਗ, ਅੰਮ੍ਰਿਤਸਰ

ਦੁਕਾਨਦਾਰ ਦੁਕਾਨਾਂ ਉਤੇ ਹੱਥ ਸਾਫ ਕਰਨ ਲਈ ਸੈਨੇਟਾਇਜ਼ਰ ਅਤੇ ਸਮਾਜਿਕ ਦੂਰੀ ਲਈ ਦੁਕਾਨਾਂ ਦੇ ਬਾਹਰ ਨਿਸ਼ਾਨਦੇਹੀ ਯਕੀਨੀ ਬਨਾਉਣ-ਡਿਪਟੀ ਕਮਿਸ਼ਨਰ

ਅੰਮ੍ਰਿਤਸਰ, 8 ਮਈ ( )-ਜ਼ਿਲਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਸਪੱਸ਼ਟ ਕੀਤਾ ਹੈ ਕਿ ਸ਼ਹਿਰਾਂ ਵਿਚ ਕੇਵਲ ਉਹ ਦੁਕਾਨਾਂ , ਜੋ ਬਾਜ਼ਾਰ ਤੋਂ ਦੂਰ ਹਨ , ਗਲੀਆਂ-ਮੁਹੱਲਿਆਂ, ਕਾਲੋਨੀਆਂ ਵਿਚ ਹਨ ਉਹ ਖੋਲੀਆਂ ਜਾ ਸਕਦੀਆਂ ਹਨ। ਇਸ ਤੋਂ ਇਲਾਵਾ ਜੋ ਦੁਕਾਨਾਂ ਬਾਜ਼ਾਰ ਵਿਚ ਹਨ ਉਥੇ ਕੇਵਲ ਜ਼ਰੂਰੀ ਵਸਤਾਂ ਕਰਿਆਨਾ ਆਦਿ ਨਾਲ ਸਬੰਧਤ ਹੀ ਖੁੱਲਣਗੀਆਂ। ਇਸ ਤੋਂ ਛੁੱਟ ਜੋ ਵੀ ਦੁਕਾਨ ਖੋਲਣਗੀ ਹੋਵੇਗੀ , ਉਹ ਸਬੰਧਤ ਇਲਾਕੇ ਦੇ ਐਸ ਡੀ ਐਮ ਅਤੇ ਡੀ. ਸੀ. ਪੀ. ਤੋਂ ਪ੍ਰਵਾਨਗੀ ਲੈ ਕੇ ਖੋਲੀ ਜਾ ਸਕੇਗੀ , ਜਿਸ ਵਿਚ ਉਹ ਇਹ ਯਕੀਨੀ ਬਨਾਉਣਗੇ ਕਿ ਦੁਕਾਨ ਇਹ ਦੁਕਾਨ ਗ੍ਰਹਿ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰੇ। ਜੇਕਰ ਉਹ ਮਹਿਸੂਸ ਕਰਨਗੇ ਕਿ ਇਸ ਦੁਕਾਨ ਦੀ ਮੌਜੂਦਾ ਹਾਲਤ ਵਿਚ ਖੋਲਣ ਦੀ ਲੋੜ ਹੈ ਤਾਂ ਉਹ ਇਸ ਦੀ ਪ੍ਰਵਾਨਗੀ ਦੇ ਸਕਣਗੇ।

ਇਸੇ ਦੌਰਾਨ ਸਿਹਤ ਵਿਭਾਗ ਨੇ ਆਪਣੀ ਅਡਵਾਇਜ਼ਰੀ ਵਿਚ ਕਿਹਾ ਹੈ ਕਿ ਦੁਕਾਨਦਾਰਾਂ / ਉਨਾਂ ਦੇ ਕਰਿੰਦਆਂ ਅਤੇ ਆਉਣ ਵਾਲੇ ਗਾਹਕਾਂ ਦੇ ਫਾਇਦੇ ਲਈ ਪੈਰਾਂ ਨਾਲ ਚੱਲਣ ਵਾਲੀਆਂ ਹੱਥ ਧੋਣ ਵਾਲੀਆਂ ਮਸ਼ੀਨਾਂ ਸਥਾਪਤ ਕਰੋ। ਦੁਕਾਨਾਂ ਅੱਗੇ ਗੋਲ ਚੱਕਰ ਲਗਾਏ ਜਾਣ ਤਾਂ ਜੋ ਸਮਾਜਕ ਦੂਰੀ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਘੱਟੋ ਘੱਟ 1 ਮੀਟਰ ਦੀ ਦੂਰੀ ਬਰਕਰਾਰ ਰੱਖੀ ਜਾਵੇ। ਸਾਰੇ ਲੋਕਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਦੁਕਾਨ ਤੋਂ ਘਰ ਵਾਪਸੀ ਵੇਲੇ ਵੀ ਆਪਣੇ ਹੱਥ ਚੰਗੀ ਤਰਾਂ ਘੱਟੋ-ਘੱਟ 40 ਸੈਕਿੰਡ ਲਈ ਸਾਬੁਣ ਜਾਂ ਸੈਨੇਟਾਇਜ਼ਰ ਨਾਲ ਮਲ ਕੇ ਧੋਣ।

ਸਿਹਤ ਵਿਭਾਗ ਨੇ ਵੀ ਸਲਾਹ ਦਿੱਤੀ ਹੈ ਕਿ ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ ਵਾਲਾ) ਦਾ ਪ੍ਰਬੰਧ ਕਰਨ ਅਤੇ ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਕੀਤਾ ਜਾਵੇ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲ ਕੇ ਹੱਥ ਧੋਤੇ ਜਾਣ।

ਦੁਕਾਨਦਾਰ, ਕਰਮਚਾਰੀ ਅਤੇ ਗਾਹਕ ਹਰ ਵੇਲੇ ਕੱਪੜੇ ਦਾ ਮਾਸਕ ਪਹਿਨਣਾ ਯਕੀਨੀ ਬਨਾਉਣ। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਪੂਰੀ ਤਰਾਂ ਢਕਿਆ ਹੋਵੇ ।ਵਰਤੋਂ ਤੋਂ ਬਾਅਦ ਕੱਪੜੇ ਦੇ ਮਾਸਕ ਨੂੰ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ।

ਦੁਕਾਨਦਾਰ ਅਤੇ ਉਸਦੇ ਵਰਕਰ ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਵੋ/ਸੈਨੀਟਾਈਜ਼ ਕਰੋ। ਇੱਕ-ਦੂਜੇ ਨਾਲ ਖਾਣਾ ਅਤੇ ਭਾਂਡਿਆਂ ਨੂੰ ਸਾਂਝਾ ਨਾ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਵੱਲੋਂ ਦੁਕਾਨ/ਮਾਰਕਿਟ ਵਿੱਚ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ , ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ। ਜੇਕਰ ਕਿਸੇ ਵੀ ਦੁਕਾਨਦਾਰ / ਵਰਕਰ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ।

ਐਡਵਾਇਜ਼ਰੀ ਵਿੱਚ ਦਿੱਤੇ ਗਏ ਵਿਸ਼ੇਸ਼ ਦਿਸ਼ਾ-ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਖ਼ਾਸ ਤੌਰ ਤੇ ਪੁਰਾਣੇ ਗ੍ਰਾਹਕਾਂ ਨੂੰ ਹੋਮ ਡਿਲੀਵਰੀ ਕਰਨ ਨੂੰ ਪ੍ਰਮੁੱਖਤਾ ਦਿੱਤੀ ਜਾਵੇ। ਗ੍ਰਾਹਕ ਨੂੰ ਸਲਾਹ ਦਿੱਤੀ ਜਾਵੇ ਕਿ ਉਨਾਂ ਨੇ ਡਿਸਪਲੇ ਕੀਤੀ ਜਾਂ ਉਥੇ ਰੱਖੀ ਜਿਸ ਚੀਜ਼ ਨੂੰ ਨਹੀਂ ਖਰੀਦਣਾ ਉਸਨੂੰ ਹੱਥ ਲਗਾਉਣ ਤੋਂ ਪਰਹੇਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਦੀ ਪਰਚੀ ਲਿਖ ਕੇ ਦੇਣ ਲਈ ਪ੍ਰੇਰਿਤ ਕੀਤਾ ਜਾਵੇ , ਜਿਸਨੂੰ ਕਾਉਟਰ ਤੇ ਰੱਖ ਕੇ ਦੁਕਾਨਦਾਰ ਜਾਂ ਉਸਦੇ ਵਰਕਰਾਂ ਵੱਲੋਂ ਉਥੇ ਹੀ ਸਮਾਨ ਦੀ ਸਪਲਾਈ ਦਿੱਤੀ ਜਾਵੇ। ਦੁਕਾਨਦਾਰਾਂ ਵੱਲੋਂ ਆਪਣੇ ਗ੍ਰਾਹਕਾਂ ਨੂੰ

ਡਿਜੀਟਲ ਟ੍ਰਾਂਸੈਕਸ਼ਨ ਲਈ ਪ੍ਰੇਰਿਤ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਅਤੇ ਗ੍ਰਾਹਕਾਂ ਵੱਲੋਂ ਕਰੰਸੀ ਨੋਟਾਂ ਦੇ ਲੈਣ-ਦੇਣ ਤਾਂ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਲਿਜਾਉਣ ਲਈ ਆਪਣੇ ਘਰ ਤੋਂ ਹੀ ਕੱਪੜੇ ਦਾ ਥੈਲਾ ਲੈ ਕੇ ਆਉਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ।

ਦੁਕਾਨਾਂ ਵਿੱਚ ਏਅਰ ਕੰਡੀਸ਼ਨਿੰਗ/ ਕੂਲਰ ਦੀ ਵਰਤੋਂ ਸਬੰਧੀ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੇ ਕਿ ਕੰਮ ਵਾਲੀਆਂ ਥਾਵਾਂ ਤੇ ਕੁਦਰਤੀ ਹਵਾ ਨੂੰ ਪ੍ਰਮੁੱਖਤਾ ਦਿੱਤੀ ਜਾਵੇ। ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਜੇਕਰ ਕੋਈ ਦੁਕਾਨਦਾਰ / ਵਰਕਰ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਪੁਸ਼ਟੀ ਹੋਇਆ ਹੈ ਅਤੇ ਤੁਸੀਂ ਉਸਦੇ ਸੰਪਰਕ ਵਿੱਚ ਆਏ ਹੋ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸੰਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਉਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ।

**File No.DIPR-PRSS0PRS1(356)/992/2020-DPRO Amritsar**

**I/23278/2020**

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਸੇਵਾ ਕੇਂਦਰਾਂ ਵਿਚ ਭੀੜ ਇਕੱਠੀ ਨਾ ਹੋਣ ਦਿੱਤੀ ਜਾਵੇ-ਡਿਪਟੀ ਕਮਿਸ਼ਨਰ

ਮੁਲਾਜ਼ਮ ਤੇ ਹੋਰ ਲੋਕ ਹਰ ਵੇਲੇ ਮਾਸਕ ਦੀ ਵਰਤੋਂ ਯਕੀਨੀ ਬਨਾਉਣ

ਅੰਮ੍ਰਿਤਸਰ, 8 ਮਈ ( )-ਖੋਲੇ ਗਏ ਸੇਵਾ ਕੇਂਦਰਾਂ ਬਾਰੇ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਹੈ ਕਿ ਡਿਊਟੀ ਉਤੇ ਆਉਣ ਵਾਲੇ ਸਟਾਫ ਅਤੇ ਆਮ ਲੋਕਾਂ ਵਿਚਾਲੇ ਹਰ ਸਮੇਂ ਘੱਟੋ ਘੱਟ ਇਕ ਮੀਟਰ ਦੀ ਦੂਰੀ ਬਰਕਰਾਰ ਰੱਖਿਆ ਜਾਵੇ ਅਤੇ ਮੁਲਾਜ਼ਮ ਤੇ ਕੰਮ ਕਰਵਾਉਣ ਲਈ ਆਏ ਸਾਰੇ ਲੋਕ ਮਾਸਕ ਦੀ ਵਰਤੋਂ ਯਕੀਨੀ ਬਨਾਉਣ। ਦੁਪਿਹਰ ਦੇ ਖਾਣੇ ਸਮੇਂ ਵੀ ਸਾਰਾ ਸਟਾਫ ਇਕੱਠੇ ਬੈਠ ਕੇ ਖਾਣਾ ਨਾ ਖਾਵੇ ਅਤੇ ਆਪਣੇ ਹੱਥਾਂ ਨੂੰ ਨਿਯਮਤ ਨਾਲ ਧੋਵੇ। ਦਸਤਾਵੇਜ਼ਾਂ ਜਾਂ ਨਕਦ ਲੈਣ-ਦੇਣ ਕਰਨ ਵਾਲੇ ਅਮਲੇ ਨੂੰ ਲੈਣ-ਦੇਣ ਤੋਂ ਬਾਅਦ ਆਪਣੇ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਧੋਣ ਦੀ ਸਲਾਹ ਵੀ ਦਿੱਤੀ ਗਈ ਹੈ।

ਉਨਾਂ ਕਿਹਾ ਕਿ ਜੇਕਰ ਸੇਵਾ ਕੇਂਦਰ ਵਿਚ ਕਿਸੇ ਨੂੰ ਤੇਜ਼ ਬੁਖਾਰ ਹੋਵੇ ਤਾਂ ਅਜਿਹੇ ਸਟਾਫ ਨੂੰ ਜਲਦ ਤੋਂ ਜਲਦ ਬਾਕੀ ਦਫਤਰ ਨਾਲੋਂ ਕੁਅਰੰਟਾਈਨ ਕਰਕੇ ਡਾਕਟਰੀ ਜਾਂਚ ਕਰਵਾਈ ਜਾਵੇ। ਜੇ ਕਿਸੇ ਸਹਿ-ਕਰਮਚਾਰੀ / ਸਹਿਕਰਮੀ ਦੀ ਪਛਾਣ ਕੋਵਿਡ- 19 ਪਾਜ਼ੀਟਿਵ ਵਜੋਂ ਕੀਤੀ ਜਾਂਦੀ ਹੈ ਅਤੇ ਉਹ ਦਫ਼ਤਰ ਵਿਚ ਆਪਣੀ ਹਾਜ਼ਰੀ ਦੌਰਾਨ ਕਿਸੇ ਦੇ ਸੰਪਰਕ ਵਿਚ ਆਇਆ ਹੋਵੇ ਤਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਦਫਤਰ ਦੇ ਮੁਖੀ ਨੂੰ ਤੁਰੰਤ ਹੈਲਪਲਾਈਨ ਨੰਬਰ 104 / ਸਟੇਟ ਕੰਟਰੋਲ ਰੂਮ ਨੰਬਰ 01722920074/08872090029 ਤੇ ਸੂਚਿਤ ਕਰਨਾ ਚਾਹੀਦਾ ਹੈ ਤਾਂ ਜੋ ਅਗਲੇਰੀ ਲੋੜੀਂਦੀ ਕਾਰਵਾਈ ਕਰਕੇ ਡਾਕਟਰੀ ਸਹੂਲਤ ਲੈਣ ਵਿਚ ਸਹਾਇਤਾ ਮਿਲ ਸਕੇ। ਉਨਾਂ ਅੱਗੇ ਕਿਹਾ ਕਿ ਹੈਲਪਲਾਈਨ ਨੰਬਰਾਂ ਤੇ ਸਟਾਫ ਅਤੇ ਦਫਤਰ ਵਿਚ ਹਾਜ਼ਰੀ ਦੌਰਾਨ ਹੋਣ ਵਾਲੇ ਸੰਪਰਕਾਂ ਸਬੰਧੀ ਸਾਰੇ ਤੱਥਾਂ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ।

ਉਨਾਂ ਕਿਹਾ ਕਿ ਦਫਤਰ ਵਿਚ ਆਉਣ ਵਾਲੇ ਸਾਰੇ ਕਰਮਚਾਰੀਆਂ ਅਤੇ ਨਾਗਰਿਕਾਂ , ਜੋ ਕਿਸੇ ਵਿਸ਼ੇਸ਼ ਦਿਨ ਸੇਵਾ ਕੇਂਦਰ ਦਾ ਦੌਰਾ ਕਰ ਚੁੱਕੇ ਹਨ , ਦਾ ਪੂਰਾ ਅਤੇ ਢੁਕਵਾਂ ਰਿਕਾਰਡ ਰੱਖਿਆ ਜਾਣਾ ਚਾਹੀਦਾ ਹੈ। ਸਟਾਫ ਨੂੰ ਕੱਪੜੇ ਦੇ ਮਾਸਕ ਪਹਿਨਣ ਦੀ ਸਲਾਹ ਦਿੱਤੀ ਜਾਂਦੀ ਹੈ ਅਤੇ ਵਰਤੋਂ ਤੋਂ ਬਾਅਦ ਮਾਸਕ ਨੂੰ ਹਰ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ।

ਉਨਾਂ ਕਿਹਾ ਕਿ ਸਟਾਫ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਸਮਾਜਿਕ ਦੂਰੀ , ਹੱਥ ਨਾ ਮਿਲਾਉਣ, ਹੱਥ ਸਾਫ ਕਰਨ, ਮਾਸਕ ਅਤੇ ਦਸਤਾਨੇ ਪਹਿਨਣ , ਸਾਬਣ ਅਤੇ ਪਾਣੀ ਨਾਲ ਹੱਥ ਧੋਣ ਅਤੇ ਸੈਨੀਟਾਈਜ਼ਰ ਦੀ ਵਰਤੋਂ ਸਬੰਧੀ ਸੰਦੇਸ਼ਾਂ ਵਾਲੇ ਪੋਸਟਰਾਂ ਨੂੰ ਸੇਵਾ ਕੇਂਦਰ ਦੇ ਪ੍ਰਵੇਸ਼ ਦਰਵਾਜ਼ੇ 'ਤੇ ਲਗਾਇਆ ਜਾਵੇ। ਬੁਖਾਰ ਤੋਂ ਪੀੜਤ ਕਰਮਚਾਰੀਆਂ ਦੀ ਜਾਂਚ ਕਰਨ ਲਈ ਸੇਵਾ ਕੇਂਦਰਾਂ ਦੀ ਐਂਟਰੀ ਤੇ ਥਰਮਲ ਸਕੈਨਰਾਂ ਦੀ ਸਥਾਪਨਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਉਨਾਂ ਕਿਹਾ ਕਿ ਸੇਵਾ ਕੇਂਦਰ ਇੰਚਰਾਜ ਇਹ ਯਕੀਨੀ ਬਨਾਉਣ ਕਿ ਆਪਸੀ ਦੂਰੀ 6 ਫੁੱਟ ਹਰ ਵੇਲੇ ਬਰਕਰਾਰ ਰਹੇ। ਉਨਾਂ ਕਿਹਾ ਕਿ ਸੇਵਾ ਕੇਂਦਰਾਂ ਵਿੱਚ ਸਿਰਫ ਯੋਗ ਵਿਅਕਤੀ , ਜਿੰਨਾ ਨੇ ਕੰਮ ਕਰਵਾਉਣ ਹੈ ਉਹ ਹੀ ਅੰਦਰ ਜਾਣ। ਅੰਦਰੂਨੀ ਖੇਤਰ ਜਿਵੇਂ ਕਿ ਦਫ਼ਤਰੀ ਥਾਵਾਂ , ਉਡੀਕ ਥਾਵਾਂ, ਸਟਾਫ ਦੇ ਬੈਠਣ ਦਾ ਖੇਤਰ ਆਦਿ ਨੂੰ ਹਰ ਸ਼ਾਮ ਸੇਵਾ ਕੇਂਦਰ ਸਮੇਂ ਤੋਂ ਬਾਅਦ ਜਾਂ ਸਵੇਰੇ ਸਮੇਂ ਤੋਂ ਪਹਿਲਾਂ ਸਾਫ਼ ਕੀਤਾ ਜਾਵੇ। ਉਨਾਂ ਇਹ ਵੀ ਕਿਹਾ ਕਿ ਕੰਮ ਵਾਲੀਆਂ ਥਾਵਾਂ ਤੇ ਕੁਦਰਤੀ ਹਵਾ ਨੂੰ ਪ੍ਰਮੁੱਖਤਾ ਦਿੱਤੀ ਜਾਵੇ ਅਤੇ ਜੇ ਏਅਰ ਕੰਡੀਸ਼ਨਰ/ਕੂਲਰ ਦੀ ਵਰਤੋਂ ਕਰਨੀ ਹੋਵੇ ਤਾਂ ਇਸ ਸੰਬੰਧੀ ਜਾਰੀ ਵਿਸਥਾਰਤ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ।

**File No.DIPR-PRSS0PRS1(356)/992/2020-DPRO Amritsar**
**I/23279/2020**

**Encouragement of Covid-19 warriors**
**Remembering the founding day of the Red Cross**

**Amritsar, 08 May 20**

“8th May “The World Red Cross Day is celebrated to mark the birth anniversary of Sir Jean Henry Dunant, the founder of Red Cross Movement. Who was born on 8th May, 1828 in Switzerland.

The Red Cross Branch , Amritsar celebrated the World Red Cross Day 2020 at Red Cross Bhawan , Amritsar. The floral tribute was given to the portraits of Sir Jean Henry Dunant and Bhai Ghaniya Ji by . S. Shivdular Singh Dhillon , I.A.S., Deputy Commissioner,Amritsar and clapped for volunteers and saying thanks who are working on the frontline to prevent and respond to COVID-19. This is also to acknowledge the role of our volunteers and their enduring commitment in undertaking humanitarian activities for last 100 years including COVID-19 response.

**File No.DIPR-PRSS0PRS1(356)/992/2020-DPRO Amritsar I/23280/2020**

**ARMY COMMANDER WESTERN COMMAND VISITS AMRITSAR**

**Amritsar, 08 May 20**

Lieutenant General RP Singh, Army Commander Western Command visited the operational areas of Amritsar, Tibri and DBN military stations on Friday. Vajra Corps Commander, Lieutenant General Sanjeev Sharma also accompanied the Army Commander during the visit.

He also visited Kasowal and specially commended the BRO personnel for ensuring connection across Ravi River for villagers and farmers before the onset of monsoon.

Army Commander also reviewed Covid -19 preparation at Military hospitals of Amritsar and Tibri. He expressed satisfaction on preparation and Civil-Military coordination for dealing with the pandemic and commended all frontline warriors for strengthening India’s fight against Corona.

**File No.DIPR-PRSS0PRS1(356)/942/2020-DPRO Amritsar I/23042/2020**

ਜਿਲਾ ਮੈਜਿਸਟਰੇਟ ਨੇ ਕਰਫਿਊ ਵਿਚ ਛੋਟਾਂ ਦਾ ਕੀਤਾ ਐਲਾਨ

ਦੁਕਾਨਾਂ, ਸਨਅਤਾਂ, ਉਸਾਰੀਆਂ ਤੇ ਦਫਤਰਾਂ ਨੂੰ ਦਿੱਤੀ ਛੋਟ

ਠੇਕੇ ਵੀ ਕਰ ਤੇ ਆਬਕਾਰੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖੋਲ ਸਕਣਗੇ

ਅੰਮ੍ਰਿਤਸਰ, 7 ਮਈ ( ) ਜ਼ਿਲਾ ਮੈਜਿਸਟਰੇਟ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵੱਲੋਂ 24 ਅਪ੍ਰੈਲ 2020 ਨੂੰ ਲਾਕਡਾਊਨ ਦੌਰਾਨ ਦੁਕਾਨਾਂ ਖੋਲ•ਣ ਵਿਚ ਦਿੱਤੀ ਰਾਹਤ ਅਤੇ ਐਡੀਸ਼ਨਲ ਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਪੰਜਾਬ ਸਰਕਾਰ ਵਲੋਂ 4 ਮਈ ਨੂੰ ਜਾਰੀ ਕੀਤੀਆਂ ਗਾਇਡ ਲਾਇਨ ਤਹਿਤ ਹੁਕਮ ਜਾਰੀ ਕਰਕੇ ਜ਼ਿਲੇ ਵਿਚ ਉਸਾਰੀ, ਸਨਅਤ, ਵਪਾਰ ਲਈ ਜ਼ਰੂਰੀ ਛੋਟਾਂ ਸ਼ਰਤਾਂ ਸਹਿਤ ਦਿੱਤੀਆਂ ਜਾਂਦੀਆਂ ਹਨ। ਇਹ ਛੋਟ ਹਾਟਸਪਾਟ ਅਤੇ ਕੰਟੇਨਮੈਂਟ ਜੋਨ ਵਿਚ ਲਾਗੂ ਨਹੀਂ ਹੋਣਗੀਆਂ।

ਜਾਰੀ ਹਦਾਇਤਾਂ ਅਨੁਸਾਰ ਪਿੰਡਾਂ ਵਿਚ ਹਰੇਕ ਤਰਾਂ ਦੀ ਜਾਇਜ਼ ਉਸਾਰੀ, ਇਸ ਲਈ ਕਿਸੇ ਤਰਾਂ ਦੇ ਪਾਸ ਦੀ ਲੋੜ ਨਹੀਂ ਹੋਵੇਗੀ। ਸ਼ਹਿਰਾਂ ਵਿਚ ਉਸਾਰੀ ਦੇ ਚੱਲ ਰਹੇ ਕੰਮ ਐਸ ਡੀ ਐਮ ਜਾਂ ਜਨਰਲ ਮੈਨੇਜਰ ਸਨਅਤ ਕੋਲੋਂ ਪ੍ਰਵਾਨਗੀ ਲੈ ਕੇ ਸ਼ੁਰੂ ਕੀਤੇ ਜਾ ਸਕਣਗੇ। ਬਿਨੈ ਕਾਰ ਜ਼ਰੂਰੀ ਸ਼ਰਤਾਂ ਪੂਰੀਆਂ ਕਰੇਗਾ ਅਤੇ ਨਾ ਕਰਨ ਦੀ ਸ਼ਰਤ ਵਿਚ ਪ੍ਰਵਾਨਗੀ ਰੱਦ ਕਰ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ ਪੇਂਡੂ ਖੇਤਰ ਵਿਚ ਸਾਰੀਆਂ ਰਜਿਸਟਰਡ ਸਾਰੀਆਂ ਦੁਕਾਨਾਂ ਤੇ ਸ਼ਹਿਰਾਂ ਵਿਚ ਮਲਟੀ ਬਰਾਂਡ ਅਤੇ ਸਿੰਗਲ ਬਰਾਂਡ ਮਾਲ ਨੂੰ ਛੱਡ ਕੇ ਰਿਹਾਇਸ਼ੀ ਅਤੇ ਮਾਰਕਿਟ ਕੰਪਲੈਕਸ ਵਿਚ ਸਾਰੀਆਂ ਦੁਕਾਨਾਂ, ਮਿਊਸੀਪਲ ਕਾਰਪੋਰੇਸ਼ਨ ਅਤੇ ਨਗਰ ਕੋਸ਼ਲਾਂ ਦੀ ਹੱਦਾਂ ਤੋਂ ਬਾਹਰਵਾਰ ਦੁਕਾਨਾਂ, 50 ਫੀਸਦ ਵਰਕਰਾਂ ਨਾਲ ਮਾਸਕ ਪਹਿਨਕੇ ਅਤੇ ਸ਼ੋਸਲ ਡਿਸਟੈਂਸ ਨੂੰ ਬਣਾ ਕੇ ਦੁਕਾਨਾਂ ਖੋਲ• ਸਕਦੇ ਹਨ। ਦੁਕਾਨਾਂ ਖੁੱਲਣ ਦਾ ਸਮਾਂ ਸੇਵਰੇ 7 ਵਜੇ ਤੋਂ ਸ਼ਾਮ 3 ਵਜੇ ਤੱਕ ਦਾ ਰਹੇਗਾ। ਸ਼ਹਿਰੀ ਖੇਤਰ ਵਿਚ ਮਾਰਕੀਟ ਤੇ ਬਾਜ਼ਾਰ ਵਿਚ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਇਸੇ ਸਮੇਂ ਲਈ ਖੋਲੀਆਂ ਜਾ ਸਕਦੀਆਂ ਹਨ, ਇਸ ਤੋਂ ਇਲਾਵਾ ਸਬੰਧਤ ਐਸ ਡੀ ਐਮ ਅਤੇ ਡੀ ਐਸ ਪੀ ਸਮਾਨ ਦੀ ਮੰਗ ਨੂੰ ਵੇਖਦੇ ਹੋਏ ਉਸਨੂੰ ਆਗਿਆ ਦੇ ਸਕਦੇ ਹਨ।

ਸੈਲੂਨ, ਨਾਈਆਂ ਦੀਆਂ ਦੁਕਾਨਾਂ, ਸਪਾ, ਬਿਊਟੀ ਪਾਰਲਰ ਆਦਿ ਸੇਵਾਵਾਂ ਦੇਣ ਵਾਲੇ ਅਦਾਰੇ ਖੋਲਣ ਦੀ ਆਗਿਆ ਨਹੀਂ ਹੋਵੇਗੀ। ਈ-ਕਾਮਰਸ ਕੰਪਨੀਆਂ ਜ਼ਰੂਰੀ ਵਸਤਾਂ ਦੀ ਸਪਲਾਈ ਕਰ ਸਕਦੀਆਂ ਹਨ।

ਸ਼ਰਾਬ ਦੇ ਠੇਕੇ ਐਕਸਾਈਜ਼ ਤੇ ਟੈਕਸੇਸ਼ਨ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖੁੱਲ ਸਕਦੇ ਹਨ, ਪਰ ਪਬ, ਬਾਰ ਤੇ ਅਹਾਤੇ ਖੋਲ•ਣ ਦੀ ਆਗਿਆ ਨਹੀਂ ਹੋਵੇਗੀ। ਬੈਂਕ ਸਵੇਰੇ 9 ਵਜੇ ਤੋਂ 1 ਵਜੇ ਤੱਕ ਜਨਤਾ ਨੂੰ ਸੇਵਾਵਾਂ ਦੇ ਸਕਦੇ ਹਨ। ਰੈਸਟੋਰੈਂਟ ਅਤੇ ਹੋਰ ਅਜਿਹੇ ਅਦਾਰੇ ਹੋਮ ਡਿਲਵਰੀ ਲਈ ਆਗਿਆ ਲੈ ਸਕਦੇ ਹਨ, ਪਰ ਉਥੇ ਡਾਇਨੰਗ ਦੀ ਆਗਿਆ ਨਹੀਂ ਦਿੱਤੀ ਜਾ ਸਕਦੀ।

ਦੁਕਾਨਦਾਰ ਦੁਕਾਨਾਂ ਤੇ ਗਾਹਕਾਂ ਤੇ ਆਪਸੀ ਦੂਰੀ ਤੇ ਹੋਰ ਸਾਵਧਾਨੀਆਂ ਯਕੀਨੀ ਬਨਾਉਣਗੇ। ਹਰ ਕੋਈ ਮਾਸਕ ਦੀ ਵਰਤੋਂ ਕਰੇਗਾ ਅਤੇ ਪਰਿਵਾਰ ਵਿਚੋਂ ਇਕ ਮੈਂਬਰ ਹੀ ਖਰੀਦਦਾਰੀ ਲਈ ਪੈਦਲ ਜਾ ਸਕੇਗਾ। ਗੱਡੀ ਦੀ ਆਗਿਆ ਕਰਫਿਊ ਪਾਸ ਲੈ ਕੇ ਹੀ ਕੀਤੀ ਜਾ ਸਕੇਗੀ।

ਮਿਊਸੀਪਲ ਹੱਦ ਤੋਂ ਬਾਹਰ ਸਾਰੀ ਸਨਅਤ ਆਪਣਾ ਕੰਮ ਕਰ ਸਕਦੀ ਹੈ। ਇਸੇ ਤਰਾਂ ਸ਼ਹਿਰੀ ਖੇਤਰ ਜਿੱਥੇ ਲੇਬਰ ਰਹਿ ਰਹੀ ਹੋਵੇ ਉਹ ਵੀ ਆਪਣਾ ਕੰਮ ਸ਼ੁਰੂ ਕਰ ਸਕਦੀ ਹੈ। ਇਸ ਲਈ ਸਨਅਤਕਾਰਾਂ ਨੂੰ ਕਿਸੇ ਤੋਂ ਆਗਿਆ ਲੈਣ ਦੀ ਲੋੜ ਨਹੀਂ, ਉਹ ਸਵੈ ਘੋਸ਼ਣਾ ਪੱਤਰ ਭਰ ਕੇ ਸਨਅਤ ਵਿਭਾਗ ਦੇ ਜਨਰਲ ਮੈਨਜਰ ਨੂੰ ਈ-ਮੇਲ ਕਰ ਦੇਣ। ਇਸ ਤੋਂ ਇਲਾਵਾ ਜੇਕਰ ਕਿਸੇ ਨੂੰ ਲੇਬਰ ਜਾਂ ਹੋਰ ਗੱਡੀਆਂ ਲਈ ਪਾਸ ਦੀ ਲੋੜ ਹੈ ਤਾਂ ਉਹ ਸਨਅਤ ਵਿਭਾਗ ਕੋਲੋਂ ਲੈ ਸਕੇਗਾ। ਲੇਬਰ ਲਈ ਸਮਾਂ ਸਵੇਰੇ 7 ਤੋਂ 9 ਵਜੇ ਤੱਕ ਜਾਣ ਤੇ ਸ਼ਾਮ 5 ਤੋਂ 7 ਵਜੇ ਤੱਕ ਦਫਤਰ ਤੋਂ ਆਉਣ ਦਾ ਰਹੇਗਾ।

ਸਰਕਾਰੀ ਦਫਤਰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖੋਲੇ ਜਾ ਸਕਦੇ ਹਨ। ਨਿੱਜੀ ਦਫਤਰ 33 ਫੀਸਦੀ ਸਟਾਫ ਨਾਲ ਖੋਲੋ। ਵਿਦਿਅਕ ਅਦਾਰੇ 33 ਫੀਸਦੀ ਸਟਾਫ ਨਾਲ ਕੇਵਲ ਦਫਤਰੀ ਕੰਮ ਲਈ ਖੋਲ•ਣ ਦੀ ਆਗਿਆ ਹੈ।

---------

**File No.DIPR-PRSS0PRS1(356)/942/2020-DPRO Amritsar I/23047/2020**

ਪ੍ਰਵਾਸੀ ਕਾਮਿਆਂ ਨੂੰ ਲੈ ਕੇ ਅੰਮ੍ਰਿਤਸਰ ਤੋਂ ਪਹਿਲੀ ਵਿਸ਼ੇਸ਼ ਰੇਲ ਗੱਡੀ ਗੌਂਡਾ ਲਈ ਰਵਾਨਾ

ਪ੍ਰਸ਼ਾਸ਼ਨ ਨੇ ਕੀਤਾ ਘਰੋਂ ਲਿਆਉਣ ਤੋਂ ਲੈ ਕੇ ਰੇਲ ਗੱਡੀ ਵਿਚ ਚੜਾਉਣ ਤੱਕ ਦਾ ਸਾਰਾ ਪ੍ਰਬੰਧ

ਅੰਮ੍ਰਿਤਸਰ, 7 ਮਈ ( )- ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਵਾਸੀ ਮਜ਼ਦੂਰਾਂ ਨੂੰ ਉਨ•ਾਂ ਦੇ ਸੂਬਿਆਂ 'ਚ ਭੇਜਣ ਦੀ ਕੀਤੀ ਪਹਿਲ ਤਹਿਤ ਅੱਜ ਸ਼ਾਮ ਅੰਮ੍ਰਿਤਸਰ ਤੋਂ ਪਹਿਲੀ ਰੇਲ ਗੱਡੀ ਗੌਂਡਾ ਲਈ ਰਾਵਾਨਾ ਹੋ ਗਈ। ਇਸ ਰੇਲ ਗੱਡੀ ਵਿਚ ਗਏ ਕਰੀਬ 1180 ਮੁਸਾਫਿਰਾਂ ਨੂੰ ਉਨਾਂ ਦੇ ਘਰਾਂ, ਜੋ ਕਿ ਜਿਲ•ੇ ਦੇ ਸਾਰੇ ਹਿੱਸਿਆਂ ਵਿਚੋਂ ਸਨ, ਤੋਂ ਲੈ ਕੇ ਰੇਲ ਗੱਡੀ ਵਿਚ ਚੜਾਉਣ ਤੱਕ ਦਾ ਸਾਰਾ ਪ੍ਰਬੰਧ ਕੀਤਾ ਗਿਆ। ਖਾਸ ਗੱਲ ਇਹ ਰਹੀ ਕਿ ਡਾਕਟਰੀ ਨਿਰੀਖਣ, ਟਿਕਟ ਚੈਕਿੰਗ, ਖਾਣਾ ਮੁਹੱਇਆ ਕਰਵਾਉਣ ਅਤੇ ਪਲੇਟਫਾਰਮ ਤੋਂ ਰੇਲ ਗੱਡੀ ਵਿਚ ਚੜਾਉਣ ਤੱਕ ਕਿਧਰੇ ਵੀ ਮਜ਼ਦੂਰਾਂ ਦੀ ਭੀੜ ਵਿਖਾਈ ਨਹੀਂ ਦਿੱਤੀ ਅਤੇ ਨਾ ਹੀ ਕਿਸੇ ਪ੍ਰਵਾਸੀ ਨੂੰ ਇਸ ਲਈ ਕੋਈ ਪੈਸਾ ਖਰਚ ਕਰਨਾ ਪਿਆ, ਜਿਸ ਸਦਕਾ ਇਹ ਯਾਤਰਾ ਬੜੀ ਸੁਰੱਖਿਅਤ ਸ਼ੁਰੂ ਹੋਈ। ਸਟੇਸ਼ਨ ਉਤੇ ਪਹੁੰਚ ਲੋਕ ਸਭਾ ਮੈਂਬਰ ਸ. ਗੁਰਜੀਤ ਸਿੰਘ ਔਜਲਾ ਤੇ ਚੇਅਰਮੈਨ ਨਗਰ ਸੁਧਾਰ ਟਰੱਸਟ ਸ੍ਰੀ ਦਿਨੇਸ਼ ਬੱਸੀ ਨੇ ਜਿੱਥੇ ਆਪ ਪ੍ਰਵਾਸੀਆਂ ਨੂੰ ਲੰਗਰ ਤੇ ਪਾਣੀ ਵੰਡਿਆ ਉਥੇ ਆਪਸੀ ਦੂਰੀ ਤੇ ਮਾਸਕ ਵਰਗੀਆਂ ਸਾਵਧਾਨੀਆਂ ਪ੍ਰਤੀ ਵੀ ਪ੍ਰੇਰਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ ਵੀ ਮੁਸਾਫਿਰਾਂ ਨੂੰ ਤੋਰਨ ਲਈ ਸਟੇਸ਼ਨ ਉਤੇ ਪਹੁੰਚੇ।

ਡਿਪਟੀ ਕਮਿਸ਼ਨਰ ਵੱਲੋਂ ਇਸ ਕੰਮ ਲਈ ਕੀਤੀ ਯੋਜਨਾਬੰਦੀ ਵਿਚ ਕਮਿਸ਼ਨਰ ਨਗਰ ਨਿਗਮ ਸ੍ਰੀਮਤੀ ਕੋਮਲ ਮਿੱਤਲ, ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ, ਐਸ ਡੀ ਐਮਜ਼ ਸ੍ਰੀ ਵਿਕਾਸ ਹੀਰਾ, ਸ੍ਰੀ ਸ਼ਿਵਰਾਜ ਸਿੰਘ ਬੱਲ, ਸ੍ਰੀਮਤੀ ਸੁਮਿਤ ਮੁਧ, ਸ੍ਰੀਮਤੀ ਅਲਕਾ ਕਾਲੀਆ ਤੇ ਸ੍ਰੀ ਦੀਪਕ ਭਾਟੀਆ ਅਤੇ ਰੇਲਵੇ ਯਾਤਰਾ ਲਈ ਨਿਯੁੱਕਤ ਕੀਤੇ ਗਏ ਨੋਡਲ ਅਧਿਕਾਰੀ ਸ੍ਰੀ ਰਜਤ ਉਬਰਾਏ ਤੇ ਸਹਾਇਕ ਕਮਿਸ਼ਨਰ ਸ੍ਰੀਮਤੀ ਅਨਮਜੋਤ ਕੌਰ ਵੱਲੋਂ ਬਾਖੂਬ ਸੇਵਾਵਾਂ ਨਿਭਾਈਆਂ ਗਈਆਂ। ਸ੍ਰੀ ਹਿਮਾਸ਼ੂੰ ਅਗਰਵਾਲ ਅਤੇ ਸ੍ਰੀਮਤੀ ਕੋਮਲ ਮਿੱਤਲ ਨੇ ਡਾਕਟਰੀ ਨਿਰੀਖਣ ਲਈ ਬਣਾਏ ਸਾਰੇ ਕੇਂਦਰਾਂ ਅਤੇ ਰੇਲਵੇ ਸਟੇਸ਼ਨ ਉਤੇ ਕੀਤੀਆਂ ਤਿਆਰੀਆਂ ਖ਼ੁਦ ਜਾ ਕੇ ਵੇਖੀਆਂ।

ਰੇਲ ਗੱਡੀ ਵਿਚ ਪਹਿਲਾਂ ਤੋਂ ਉਲੀਕੇ ਪ੍ਰੋਗਰਾਮ ਅਨੁਸਾਰ ਪ੍ਰਵਾਸੀਆਂ ਦੀਆਂ ਸੂਚੀਆਂ ਬਣਾ ਕੇ ਉਨਾਂ ਨੂੰ ਘਰਾਂ ਤੋਂ ਲਿਆ ਕੇ ਡਾਕਟਰੀ ਮੁਆਇਨਾ ਕਰਵਾ ਕੇ ਰੇਲ ਗੱਡੀ ਵਿਚ ਚੜਾਉਣ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਸੀ, ਜਿਸ ਸਦਕਾ ਇਹ ਸਾਰਾ ਪ੍ਰੋਗਰਾਮ ਬੜੇ ਵਧੀਆ ਢੰਗ ਨਾਲ ਨੇਪਰੇ ਚੜਿਆ। ਅੱਜ ਇਸ ਪਹਿਲੀ ਰੇਲ ਗੱਡੀ ਦੀ ਰਵਾਨਗੀ ਬੜੇ ਸਲੀਕੇ ਤੇ ਸੁਰੱਖਿਅਤ ਢੰਗ ਨਾਲ ਹੋਣ ਕਾਰਨ ਅਗਲੇ ਦਿਨਾਂ ਵਿਚ ਜਾਣ ਵਾਲੀਆਂ ਕਰੀਬ 60 ਰੇਲ ਗੱਡੀਆਂ, ਜੋ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਲਈ ਇਥੋਂ ਜਾਣਗੀਆਂ ਵਾਸਤੇ ਕੰਮ ਅਸਾਨ ਹੋ ਗਿਆ ਹੈ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਸਾਡੇ ਕੋਲ ਕਰੀਬ 60 ਹਜ਼ਾਰ ਪ੍ਰਵਾਸੀਆਂ ਦਾ ਡੈਟਾ ਅੰਮ੍ਰਿਤਸਰ ਜਿਲ•ੇ ਵਿਚੋਂ ਹੀ ਆਪਣੇ ਘਰਾਂ ਨੂੰ ਜਾਣ ਲਈ ਆਇਆ ਹੈ। ਇਸ ਲਈ ਸਾਰਿਆਂ ਨੂੰ ਉਨਾਂ ਦੇ ਮੋਬਾਈਲ ਫੋਨ ਉਤੇ ਸੰਦੇਸ਼ ਭੇਜ ਕੇ ਘਰੋਂ ਲੈਣ ਜਾ ਰਹੀ ਬੱਸ, ਉਸਦਾ ਸਮਾਂ, ਡਾਕਟਰੀ ਮੁਆਇਨਾ ਕਿੱਥੇ ਹੋਣਾ ਹੈ ਅਤੇ ਰੇਲ ਗੱਡੀ ਕਦੋਂ ਜਾਣੀ ਹੈ ਆਦਿ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ। ਉਨਾਂ ਕਿਹਾ ਕਿ ਜਿਸ ਵਿਅਕਤੀ ਦੇ ਫੋਨ ਉਤੇ ਸੰਦੇਸ਼ ਨਹੀਂ ਗਿਆ ਉਹ ਕਾਹਲਾ ਨਾ ਪਵੇ ਅਤੇ ਅਗਲੀ ਗੱਡੀ ਦੀ ਉਡੀਕ ਕਰੇ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਰਿਆਂ ਦੀ ਵਾਪਸੀ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ ਅਤੇ ਤੁਸੀਂ ਆਪਣੀ ਵਾਰੀ ਦਾ ਇੰਤਜ਼ਾਰ ਕਰੋ। ਘਰਾਂ ਨੂੰ ਪਰਤ ਰਹੇ ਪ੍ਰਵਾਸੀਆਂ ਦੇ ਚਿਹਰਿਆਂ ਉਤੇ ਖੁਸ਼ੀ ਦਾ ਆਲਮ ਵਿਖਾਈ ਦਿੱਤਾ, ਭਾਵੇਂ ਉਹ ਇੱਥੇ ਵੀ ਜ਼ਿਲ•ਾ ਪ੍ਰਸ਼ਾਸ਼ਨ ਵੱਲੋਂ ਦਿੱਤੀ ਜਾ ਰਹੀ ਮਦਦ ਤੋਂ ਸੰਤਸ਼ੁਟ ਸਨ, ਪਰ ਸੰਕਟ ਮੌਕੇ ਪੰਜਾਬ ਸਰਕਾਰ ਵੱਲੋਂ ਉਨਾਂ ਨੂੰ ਘਰਾਂ ਤੱਕ ਭੇਜਣ ਦੇ ਕੀਤੇ ਗਏ ਮੁਫ਼ਤ ਪ੍ਰਬੰਧਾਂ ਕਾਰਨ ਉਹ ਡਾਢੇ ਖੁਸ਼ ਸਨ।

ਕੈਪਸ਼ਨ

-ਪ੍ਰਵਾਸੀਆਂ ਦੇ ਡਾਕਟਰੀ ਨਿਰੀਖਣ ਲਈ ਕੀਤੇ ਗਏ ਪ੍ਰਬੰਧਾਂ ਦੀ ਇਕ ਤਸਵੀਰ।

-ਰੇਲਵੇ ਸਟੇਸ਼ਨ ਉਤੇ ਮੁਸਾਫਿਰਾਂ ਨੂੰ ਭੋਜਨ ਤੇ ਪਾਣੀ ਦਿੰਦੇ ਜਿਲ•ਾ ਪ੍ਰਸ਼ਾਸਨ ਦੇ ਕਰਮਚਾਰੀ।

-ਰੇਲਵੇ ਸਟੇਸ਼ਨ ਉਤੇ ਮੁਸਾਫਿਰਾਂ ਨੂੰ ਲੰਗਰ ਵੰਡਦੇ ਸ. ਗੁਰਜੀਤ ਸਿੰਘ ਔਜਲਾ ਤੇ ਸ੍ਰੀ ਦਿਨੇਸ਼ ਬੱਸੀ